ਗੂਜਰੀ ਮਹਲਾ ੫ ਘਰੁ ੪ ੴ ਸਤਿਗੁਰ ਪ੍ਰਸਾਦਿ ॥ ਨਾਥ ਨਰਹਰ ਦੀਨ ਬੰਧਵ ਪਤਿਤ ਪਾਵਨ ਦੇਵ ॥ ਭੈ ਤ੍ਰਾਸ ਨਾਸ ਕ੍ਰਿਪਾਲ ਗੁਣ ਨਿਧਿ ਸਫਲ ਸੁਆਮੀ ਸੇਵ ॥੧॥ ਹਰਿ ਗੋਪਾਲ ਗੁਰ ਗੋਬਿੰਦ ॥ ਚਰਣ ਸਰਣ ਦਇਆਲ ਕੇਸਵ ਤਾਰਿ ਜਗ ਭਵ ਸਿੰਧ ॥੧॥ ਰਹਾਉ ॥ ਕਾਮ ਕ੍ਰੋਧ ਹਰਨ ਮਦ ਮੋਹ ਦਹਨ ਮੁਰਾਰਿ ਮਨ ਮਕਰੰਦ ॥ ਜਨਮ ਮਰਣ ਨਿਵਾਰਿ ਧਰਣੀਧਰ ਪਤਿ ਰਾਖੁ ਪਰਮਾਨੰਦ ॥ ੨॥ ਜਲਤ ਅਨਿਕ ਤਰੰਗ ਮਾਇਆ ਗੁਰ ਗਿਆਨ ਹਰਿ ਰਿਦ ਮੰਤ ॥ ਛੇਦਿ ਅਹੰਬੁਧਿ ਕਰੁਣਾ ਮੈ ਚਿੰਤ ਮੇਟਿ ਪੁਰਖ ਅਨੰਤ ॥ ੩॥ ਸਿਮਰਿ ਸਮਰਥ ਪਲ ਮਹੂਰਤ ਪ੍ਰਭ ਧਿਆਨੁ ਸਹਜ ਸਮਾਧਿ ॥ ਦੀਨ ਦਇਆਲ ਪ੍ਰਸੰਨ ਪੂਰਨ ਜਾਚੀਐ ਰਜ ਸਾਧ ॥ ੪॥ ਮੋਹ ਮਿਥਨ ਦੁਰੰਤ ਆਸਾ ਬਾਸਨਾ ਬਿਕਾਰ ॥ ਰਖੁ ਧਰਮ ਭਰਮ ਬਿਦਾਰਿ ਮਨ ਤੇ ਉਧਰੁ ਹਰਿ ਨਿਰੰਕਾਰ ॥੫॥ ਧਨਾਢਿ ਆਢਿ ਭੰਡਾਰ ਹਰਿ ਨਿਧਿ ਹੋਤ ਜਿਨਾ ਨ ਚੀਰ ॥ ਖਲ ਮੁਗਧ ਮੂੜ ਕਟਾਖ੍ਯ੍ਯ ਸ੍ਰੀਧਰ ਭਏ ਗੁਣ ਮਤਿ ਧੀਰ ॥ ੬॥ ਜੀਵਨ ਮੁਕਤ ਜਗਦੀਸ ਜਪਿ ਮਨ ਧਾਰਿ ਰਿਦ ਪਰਤੀਤਿ ॥ ਜੀਅ ਦਇਆ ਮਇਆ ਸਰਬਤ੍ਰ ਰਮਣੰ ਪਰਮ ਹੰਸਹ ਰੀਤਿ ॥੭॥ ਦੇਤ ਦਰਸਨੁ ਸ੍ਰਵਨ ਹਰਿ ਜਸੁ ਰਸਨ ਨਾਮ ਉਚਾਰ ॥ ਅੰਗ ਸੰਗ ਭਗਵਾਨ ਪਰਸਨ ਪ੍ਰਭ ਨਾਨਕ ਪਤਿਤ ਉਧਾਰ ॥੮॥੧॥੨॥੫॥੧॥੧॥੨॥੫੭॥ {ਪੰਨਾ 508}

ਪਦਅਰਥ:- ਨਾਥ—ਹੇ ਜਗਤ ਦੇ ਮਾਲਕ! ਨਰਹਰ—{nrhir ਨਰਸਿੰਘ} ਹੇ ਪਰਮਾਤਮਾ! ਦੇਵ—ਹੇ ਪ੍ਰਕਾਸ਼-ਰੂਪ! ਤ੍ਰਾਸ—ਡਰ, ਸਹਮ। ਭੈ—{ਲਫ਼ਜ਼ 'ਭਉ' ਤੋਂ ਬਹੁ-ਵਚਨ}। ਗੁਣ ਨਿਧਿ—ਹੇ ਗੁਣਾਂ ਦੇ ਖ਼ਜ਼ਾਨੇ। ਸਫਲ ਸੇਵ—ਜਿਸ ਦੀ ਸੇਵਾ ਭਗਤੀ ਫਲ ਦੇਣ ਵਾਲੀ ਹੈ।1।

ਗੁਰ—ਹੇ (ਸਭ ਤੋਂ) ਵੱਡੇ! ਕੇਸਵ—ਹੇ ਸੋਹਣੇ ਲੰਮੇ ਕੇਸਾਂ ਵਾਲੇ ਪਰਮਾਤਮਾ! ਭਵ ਸਿੰਧ—ਸੰਸਾਰ-ਸਮੁੰਦਰ। ਤਾਰਿ—ਪਾਰ ਲੰਘਾ।1। ਰਹਾਉ।

ਹਰਨ—ਦੂਰ ਕਰਨ ਵਾਲਾ। ਮਦ ਮੋਹ ਦਹਨ—ਹੇ ਮੋਹ ਦੀ ਮਸਤੀ ਸਾੜਨ ਵਾਲੇ! ਮਨ ਮਕਰੰਦ—ਹੇ ਮਨ ਨੂੰ ਸੁਗੰਧੀ ਦੇਣ ਵਾਲੇ! ਧਰਣੀ ਧਰ—ਹੇ ਧਰਤੀ ਦੇ ਸਹਾਰੇ! ਪਤਿ—ਇੱਜ਼ਤ। ਪਰਮਾਨੰਦ—ਹੇ ਸਭ ਤੋਂ ਉੱਚੇ ਆਨੰਦ ਦੇ ਮਾਲਕ!।2।

ਜਲਤ—ਸੜ ਰਿਹਾਂ ਨੂੰ। ਤਰੰਗ—ਲਹਿਰਾਂ। ਹਰਿ—ਹੇ ਹਰੀ! ਰਿਦ—ਹਿਰਦੇ ਵਿਚ। ਛੇਦਿ—ਨਾਸ ਕਰ। ਅਹੰਬੁਧਿ—ਹਉਮੈ। ਕਰੁਣਾ—ਤਰਸ! ਕਰੁਣਾ ਮੈ—ਹੇ ਤਰਸ-ਸਰੂਪ ਪ੍ਰਭੂ! ਪੁਰਖ ਅਨੰਤ—ਹੇ ਸਰਬ-ਵਿਆਪਕ ਬੇਅੰਤ ਪ੍ਰਭੂ!।3।

ਪਲ ਮਹੂਰਤ—ਹਰ ਪਲ, ਹਰ ਘੜੀ। ਸਹਜ—ਆਤਮਕ ਅਡੋਲਤਾ। ਜਾਚੀਐ—ਮੰਗਣੀ ਚਾਹੀਦੀ ਹੈ। ਰਜ—ਚਰਨ-ਧੂੜ। ਸਾਧ—ਸੰਤ-ਜਨ।4।

ਮਿਥਨ—ਝੂਠਾ। ਦੁਰੰਤ—ਭੈੜੇ ਅੰਤ ਵਾਲੀ। ਬਿਦਾਰਿ—ਨਾਸ ਕਰ। ਤੇ—ਤੋਂ। ਨਿਰੰਕਾਰ—ਹੇ ਨਿਰੰਕਾਰ!।5।

ਆਢਿ—{AwFX} ਧਨਾਢ, ਧਨੀ। ਨਿਧਿ—ਖ਼ਜ਼ਾਨਾ। ਚੀਰ—ਕੱਪੜਾ। ਖਲ—ਮੂਰਖ। ਮੁਗਧ—ਮੂਰਖ। ਕਟਾਖ੍ਯ੍ਯ—ਨਿਗਾਹ। ਸ੍ਰੀਧਰ—ਲੱਛਮੀ-ਪਤੀ।6।

ਜੀਵਨ ਮੁਕਤ—ਦੁਨੀਆ ਦੇ ਕਾਰ-ਵਿਹਾਰ ਕਰਦਾ ਹੋਇਆ ਹੀ ਮਾਇਆ ਦੇ ਮੋਹ ਤੋਂ ਸੁਤੰਤਰ। ਮਨ—ਹੇ ਮਨ! ਪਰਤੀਤਿ—ਸਰਧਾ। ਮਇਆ—ਤਰਸ। ਸਰਬਤ੍ਰ ਰਮਣੰ—ਸਰਬ-ਵਿਆਪਕ। ਪਰਮ ਹੰਸਹ ਰੀਤਿ—ਸਭ ਤੋਂ ਉੱਚੇ ਹੰਸਾਂ ਦੀ ਜੀਵਨ-ਜੁਗਤਿ। ਹੰਸ—ਚੰਗੇ ਮੰਦੇ ਕੰਮ ਦਾ ਨਿਰਨਾ ਕਰ ਸਕਣ ਵਾਲਾ (ਜਿਵੇਂ ਹੰਸ ਦੁੱਧ ਤੇ ਪਾਣੀ ਨੂੰ ਵਖ ਵਖ ਕਰ ਲੈਂਦਾ ਹੈ)।7।

ਦੇਤ—ਦੇਂਦਾ ਹੈ। ਸ੍ਰਵਨ—ਕੰਨ। ਜਸੁ—ਸਿਫ਼ਤਿ-ਸਾਲਾਹ। ਰਸਨ—ਜੀਭ। ਪਰਸਨ—ਛੁਹ।8।

ਅਰਥ:- ਹੇ ਹਰੀ! ਹੇ ਗੋਪਾਲ! ਹੇ ਗੁਰ ਗੋਬਿੰਦ! ਹੇ ਦਇਆਲ! ਹੇ ਕੇਸ਼ਵ। ਆਪਣੇ ਚਰਨਾਂ ਦੀ ਸਰਨ ਵਿਚ ਰੱਖ ਕੇ ਮੈਨੂੰ ਇਸ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈ।1। ਰਹਾਉ।

ਹੇ ਜਗਤ ਦੇ ਮਾਲਕ! ਹੇ ਨਰਹਰ! ਹੇ ਦੀਨਾਂ ਦੇ ਸਹਾਈ! ਹੇ ਵਿਕਾਰੀਆਂ ਨੂੰ ਪਵਿਤ੍ਰ ਕਰਨ ਵਾਲੇ! ਹੇ ਚਾਨਣ-ਸਰੂਪ! ਹੇ ਸਾਰੇ ਡਰਾਂ ਸਹਮਾਂ ਦੇ ਨਾਸ ਕਰਨ ਵਾਲੇ! ਹੇ ਕ੍ਰਿਪਾਲ! ਹੇ ਗੁਣਾਂ ਦੇ ਖ਼ਜ਼ਾਨੇ! ਹੇ ਸੁਆਮੀ! ਤੇਰੀ ਸੇਵਾ-ਭਗਤੀ ਜੀਵਨ ਨੂੰ ਕਾਮਯਾਬ ਬਣਾ ਦੇਂਦੀ ਹੈ।1।

ਹੇ ਕਾਮ ਕ੍ਰੋਧ ਨੂੰ ਦੂਰ ਕਰਨ ਵਾਲੇ! ਹੇ ਮੋਹ ਦੇ ਨਸ਼ੇ ਨੂੰ ਸਾੜਨ ਵਾਲੇ! ਹੇ ਮਨ ਨੂੰ (ਜੀਵਨ-) ਸੁਗੰਧੀ ਦੇਣ ਵਾਲੇ ਮੁਰਾਰੀ-ਪ੍ਰਭੂ! ਹੇ ਧਰਤੀ ਦੇ ਆਸਰੇ! ਹੇ ਸਭ ਤੋਂ ਸ੍ਰੇਸ਼ਟ-ਆਨੰਦ ਦੇ ਮਾਲਕ! (ਜਗਤ ਦੇ ਵਿਕਾਰਾਂ ਵਿਚੋਂ ਮੇਰੀ) ਲਾਜ ਰੱਖ, ਮੇਰਾ ਜਨਮ ਮਰਨ ਦਾ ਗੇੜ ਮੁਕਾ।2।

ਹੇ ਹਰੀ! ਮਾਇਆ-ਅੱਗ ਦੀਆਂ ਬੇਅੰਤ ਲਹਿਰਾਂ ਵਿਚ ਸੜ ਰਹੇ ਜੀਵਾਂ ਦੇ ਹਿਰਦੇ ਵਿਚ ਗੁਰੂ ਦੇ ਗਿਆਨ ਦਾ ਮੰਤ੍ਰ ਟਿਕਾ। ਹੇ ਤਰਸ-ਸਰੂਪ ਹਰੀ! ਹੇ ਸਰਬ-ਵਿਆਪਕ ਬੇਅੰਤ ਪ੍ਰਭੂ! (ਸਾਡੀ) ਹਉਮੈ ਦੂਰ ਕਰ (ਸਾਡੇ ਹਿਰਦਿਆਂ ਵਿਚੋਂ) ਚਿੰਤਾ ਮਿਟਾ ਦੇ।3।

ਹੇ ਸਮਰਥ ਪ੍ਰਭੂ! ਹਰ ਪਲ ਹਰ ਘੜੀ (ਤੇਰਾ ਨਾਮ) ਸਿਮਰ ਕੇ ਮੈਂ ਆਪਣੀ ਸੁਰਤਿ ਆਤਮਕ ਅਡੋਲਤਾ ਦੀ ਸਮਾਧੀ ਵਿਚ ਜੋੜੀ ਰੱਖਾਂ। ਹੇ ਦੀਨਾਂ ਉਤੇ ਦਇਆ ਕਰਨ ਵਾਲੇ! ਹੇ ਸਦਾ ਖਿੜੇ ਰਹਿਣ ਵਾਲੇ! ਸਰਬ-ਵਿਆਪਕ! (ਤੇਰੇ ਦਰ ਤੋਂ ਤੇਰੇ) ਸੰਤ ਜਨਾਂ ਦੀ ਚਰਨ-ਧੂੜ (ਹੀ ਸਦਾ) ਮੰਗਣੀ ਚਾਹੀਦੀ ਹੈ।4।

ਹੇ ਹਰੀ! ਹੇ ਨਿਰੰਕਾਰ! ਮੈਨੂੰ (ਸੰਸਾਰ-ਸਮੁੰਦਰ ਤੋਂ) ਬਚਾ ਲੈ, ਮੇਰੇ ਮਨ ਤੋਂ ਭਟਕਣਾ ਦੂਰ ਕਰ ਦੇ। ਹੇ ਹਰੀ! ਝੂਠੇ ਮੋਹ ਤੋਂ, ਭੈੜੇ ਅੰਤ ਵਾਲੀ ਆਸਾ ਤੋਂ, ਵਿਕਾਰਾਂ ਦੀਆਂ ਵਾਸ਼ਨਾ ਤੋਂ, ਮੇਰੀ ਲਾਜ ਰੱਖ।5।

ਹੇ ਹਰੀ! ਜਿਨ੍ਹਾਂ ਪਾਸ (ਤਨ ਢੱਕਣ ਲਈ) ਕੱਪੜੇ ਦੀ ਲੀਰ ਭੀ ਨਹੀਂ ਹੁੰਦੀ, ਉਹ ਤੇਰੇ ਗੁਣਾਂ ਦੇ ਖ਼ਜ਼ਾਨੇ ਪ੍ਰਾਪਤ ਕਰ ਕੇ (ਮਾਨੋ) ਧਨੀਆਂ ਦੇ ਧਨੀ ਬਣ ਜਾਂਦੇ ਹਨ। ਹੇ ਲੱਛਮੀ-ਪਤੀ! ਮਹਾਂ ਮੂਰਖ ਤੇ ਦੁਸ਼ਟ ਤੇਰੀ ਮੇਹਰ ਦੀ ਨਿਗਾਹ ਨਾਲ ਗੁਣਾਂ ਵਾਲੇ, ਉੱਚੀ ਮਤਿ ਵਾਲੇ, ਧੀਰਜ ਵਾਲੇ ਬਣ ਜਾਂਦੇ ਹਨ।6।

ਹੇ ਮਨ! ਜੀਵਨ-ਮੁਕਤ ਕਰਨ ਵਾਲੇ ਜਗਦੀਸ਼ ਦਾ ਨਾਮ ਜਪ। ਹੇ ਭਾਈ! ਹਿਰਦੇ ਵਿਚ ਉਸ ਵਾਸਤੇ ਸਰਧਾ ਟਿਕਾ, ਸਭ ਜੀਵਾਂ ਨਾਲ ਦਇਆ ਪਿਆਰ ਵਾਲਾ ਸਲੂਕ ਰੱਖ, ਪਰਮਾਤਮਾ ਨੂੰ ਸਰਬ-ਵਿਆਪਕ ਜਾਣ—ਉੱਚੇ ਜੀਵਨ ਵਾਲੇ ਹੰਸ (-ਮਨੁੱਖਾਂ) ਦੀ ਇਹ ਜੀਵਨ-ਜੁਗਤਿ ਹੈ।7।

ਹੇ ਭਾਈ! ਪਰਮਾਤਮਾ ਆਪ ਹੀ ਆਪਣਾ ਦਰਸਨ ਬਖ਼ਸ਼ਦਾ ਹੈ, ਕੰਨਾਂ ਵਿਚ ਆਪਣੀ ਸਿਫ਼ਤਿ-ਸਾਲਾਹ ਦੇਂਦਾ ਹੈ, ਜੀਭ ਨੂੰ ਆਪਣੇ ਨਾਮ ਦਾ ਉਚਾਰਨ ਦੇਂਦਾ ਹੈ, ਸਦਾ ਅੰਗ-ਸੰਗ ਵੱਸਦਾ ਹੈ।

ਹੇ ਨਾਨਕ! (ਆਖ—) ਹੇ ਹਰੀ! ਹੇ ਭਗਵਾਨ! ਤੇਰੀ ਛੁਹ ਵਿਕਾਰੀਆਂ ਦਾ ਭੀ ਪਾਰ-ਉਤਾਰਾ ਕਰਨ ਵਾਲੀ ਹੈ।8।1।2।5।1। 1।2। 57।